# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 22-03-2026**

ਕੇਂਦਰ ਸਰਕਾਰ ਨੇ ਸੂਬਿਆਂ ਨੂੰ ਵਪਾਰਕ LPG ਦੀ 20 ਫ਼ੀਸਦੀ ਦੀ ਵਾਧੂ ਵੰਡ ਨੂੰ ਮਨਜ਼ੂਰੀ ਦੇ ਦਿੱਤੀ ਏ, ਜਿਹੜੀ ਕਿ ਇਸ ਵਾਧੇ ਤੋਂ ਬਾਅਦ 50 ਫ਼ੀਸਦੀ ਹੋ ਜਾਵੇਗੀ। ਇਸ ਵਿੱਚ PNG ਦੇ ਪਸਾਰ ਲਈ ਕਾਰੋਬਾਰ ਕਰਨ ਦੀ ਸੌਖ ਦੇ ਆਧਾਰ 'ਤੇ 10 ਫ਼ੀਸਦੀ ਦੀ ਵੰਡ ਵੀ ਸ਼ਾਮਲ ਏ। ਇਹ ਵਾਧੂ ਵੰਡ ਰੈਸਟੋਰੈਂਟਾਂ, ਢਾਬਿਆਂ, ਹੋਟਲਾਂ, ਸਨਅਤੀ ਕੰਟੀਨਾਂ, ਡੇਅਰੀਆਂ, ਸਬਸਿਡੀ ਵਾਲੀਆਂ ਕੰਟੀਨਾਂ ਅਤੇ ਰਾਜ ਜਾਂ ਸਥਾਨਕ ਸੰਸਥਾਵਾਂ ਵੱਲੋਂ ਚਲਾਏ ਜਾ ਰਹੇ ਹੋਰ ਖੇਤਰਾਂ ਨੂੰ ਪਹਿਲ ਦੇ ਆਧਾਰ 'ਤੇ ਦਿੱਤੀ ਜਾਵੇਗੀ। ਇਸ ਸਬੰਧ ਵਿੱਚ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੇ ਸਕੱਤਰ ਨੀਰਜ ਮਿੱਤਲ ਨੇ ਸਾਰੇ ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਸਕੱਤਰਾਂ ਨੂੰ ਪੱਤਰ ਲਿਖ ਕੇ ਕਿਹਾ ਏ ਕਿ ਇਹ ਵੰਡ, ਸੋਮਵਾਰ ਤੋਂ ਲਾਗੂ ਹੋਵੇਗੀ। ਸਰਕਾਰ ਨੇ ਨਾਗਰਿਕਾਂ ਨੂੰ ਭਰੋਸਾ ਦਿੱਤਾ ਏ ਕਿ ਪੈਟਰੋਲ, ਡੀਜ਼ਲ ਜਾਂ LPG ਦੀ ਕੋਈ ਕਮੀ ਨਹੀਂ

ਏ ਅਤੇ ਪੱਛਮੀ ਏਸ਼ੀਆ ਵਿੱਚ ਤਣਾਅ ਦਰਮਿਆਨ ਮਜ਼ਬੂਤ ਉਪਾਅ ਕੀਤੇ ਗਏ ਨੇ।

---------------------------------------------------

ਅੱਜ ਵਿਸ਼ਵ ਜਲ ਦਿਵਸ ਦੇ ਮੌਕੇ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਾਗਰਿਕਾਂ ਨੂੰ ਪਾਣੀ ਦੀ ਹਰ ਬੂੰਦ ਨੂੰ ਬਚਾਉਣ ਅਤੇ ਇਸ ਦੀ ਜ਼ਿੰਮੇਵਾਰ ਢੰਗ ਨਾਲ ਵਰਤੋਂ ਨੂੰ ਯਕੀਨੀ ਬਣਾਉਣ ਲਈ ਵਚਨਬੱਧਤਾ ਨੂੰ ਦੁਹਰਾਉਣ ਦਾ ਸੱਦਾ ਦਿੱਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ਼੍ਰੀ ਮੋਦੀ ਨੇ ਕਿਹਾ ਕਿ ਪਾਣੀ ਜੀਵਨ ਨੂੰ ਕਾਇਮ ਰੱਖਦਾ ਏ ਅਤੇ ਜ਼ਿੰਮੇਵਾਰੀ ਨਾਲ ਪਾਣੀ ਦੀ ਵਰਤੋਂ ਕਰਨੀ ਚਾਹੀਦੀ ਏ। ਪ੍ਰਧਾਨ ਮੰਤਰੀ ਨੇ ਪਾਣੀ ਸੰਭਾਲ ਲਈ ਜਾਗਰੂਕ ਕਰਨ ਵਿੱਚ ਲੱਗੇ ਲੋਕਾਂ ਦੀ ਵੀ ਸ਼ਲਾਘਾ ਕੀਤੀ ਏ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ੍ਹ ਐਲਾਨ ਕੀਤਾ ਕਿ ਸੂਬਾ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਾਨੂੰਨ-2008 ਵਿੱਚ ਸੋਧ ਕਰਨ ਅਤੇ ਸਖਤ ਕਾਨੂੰਨ ਲਿਆਉਣ ਲਈ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਦਾ ਖਾਸ ਇਜਲਾਸ ਬੁਲਾਏਗੀ। ਤਜਵੀਜ਼ਸ਼ੁਦਾ ਕਾਨੂੰਨ ਵਿੱਚ ਸਖ਼ਤ ਸਜਾ, ਭਾਰੀ ਜੁਰਮਾਨੇ, ਜਾਇਦਾਦ ਜ਼ਬਤ ਕਰਨ ਅਤੇ

ਡਿਜੀਟਲ ਸਮੱਗਰੀ ਰਾਹੀਂ ਕੀਤੇ ਗਏ ਅਪਰਾਧਾਂ ਨੂੰ ਇਸ ਦੇ ਦਾਇਰੇ ਵਿਚ ਲਿਆਇਆ ਜਾ ਸਕੇਗਾ। ਅੰਮ੍ਰਿਤਸਰ ਵਿਚ ਧਾਰਮਿਕ ਆਗੂਆਂ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਸੰਤ ਸਮਾਜ ਤੇ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰ ਕੇ ਇਹ ਕਾਨੂੰਨ ਬਣਾਇਆ ਜਾਵੇਗਾ।

--------------------------------------------------------------------

ਮੇਰਾ ਯੁਵਾ ਭਾਰਤ ਵੱਲੋਂ ਸੋਮਵਾਰ ਨੂੰ ਸ਼ਹੀਦ ਦਿਵਸ ਮਨਾਉਣ ਲਈ ਦੇਸ਼ -ਵਿਆਪੀ ਪੈਦਲ ਯਾਤਰਾ ਕਰਵਾਈ ਜਾ ਰਹੀ ਏ। ਇਹ ਪਹਿਲ "ਮੇਰਾ ਭਾਰਤ, ਮੇਰੀ ਜ਼ਿੰਮੇਵਾਰੀ" ਵਿਸ਼ੇ 'ਤੇ ਅਧਾਰਤ ਹੋਵੇਗੀ। ਇਹ ਪੈਦਲ ਯਾਤਰਾ ਦੇਸ਼ ਦੇ ਨੌਜਵਾਨ ਆਜ਼ਾਦੀ ਘੁਲਾਟੀਆਂ - ਸ਼ਹੀਦ ਭਗਤ ਸਿੰਘ, ਸ਼ਹੀਦ ਸ਼ਿਵਰਾਮ ਰਾਜਗੁਰੂ ਤੇ ਸ਼ਹੀਦ ਸੁਖਦੇਵ ਦੀਆਂ ਕੁਰਬਾਨੀਆਂ ਨੂੰ ਸ਼ਰਧਾਂਜਲੀ ਭੇਟ ਕਰੇਗੀ। ਨੌਜਵਾਨ ਮਾਮਲਿਆਂ ਤੇ ਖੇਡ ਮੰਤਰਾਲੇ ਨੇ ਕਿਹਾ ਏ ਕਿ ਇਸ ਪਹਿਲ ਦਾ ਮਕਸਦ ਨੌਜਵਾਨਾਂ ਦੀ ਊਰਜਾ, ਆਦਰਸ਼ਵਾਦ ਅਤੇ ਇੱਛਾਵਾਂ ਨੂੰ ਜ਼ਿੰਮੇਵਾਰ ਨਾਗਰਿਕਤਾ ਵੱਲ ਲੈ ਕੇ ਜਾਣਾ ਏ । ਇਹ ਪੈਦਲ ਯਾਤਰਾ ਦੇਸ਼ ਦੇ ਸਾਰੇ 763 ਜ਼ਿਲ੍ਹਿਆਂ ਵਿੱਚ ਕਰਵਾਈ ਜਾਵੇਗੀ। ਹਰਿਆਣਾ ਦੇ ਫਰੀਦਾਬਾਦ ਵਿੱਚ ਵੱਡਾ ਸਮਾਗਮ ਹੋਵੇਗਾ, ਜਿਸ ਵਿੱਚ 10 ਹਜ਼ਾਰ ਤੋਂ ਵੱਧ ਨੌਜਵਾਨ ਹਿੱਸਾ ਲੈਣਗੇ।

ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਰਾਜ ਮੰਤਰੀ ਰਕਸ਼ਾ ਖੜਸੇ ਅਤੇ ਹਰਿਆਣਾ ਦੇ ਖੇਡ ਮੰਤਰੀ ਗੌਰਵ ਗੌਤਮ ਇਸ ਮੌਕੇ ਮੌਜੂਦ ਰਹਿਣਗੇ।

---------------------------------------------------------------

ਪਾਏਦਾਰ ਹਿਮਾਲੀਅਨ ਈਕੋਸਿਸਟਮ ਲਈ ਖੇਤੀਬਾੜੀ, ਬਾਗ਼ਬਾਨੀ, ਜੰਗਲਾਤ ਤੇ ਸਹਾਇਕ ਵਿਗਿਆਨ ਵਿਸ਼ੇ ’ਤੇ 13ਵੀਂ ਅੰਤਰਰਾਸ਼ਟਰੀ ਕਾਨਫਰੰਸ ਸ਼ਿਮਲਾ ਵਿਚ ਸਮਾਪਤ ਹੋ ਗਈ ਏ। ਇਸ ਵਿੱਚ ਭਾਰਤ ਤੇ ਵਿਦੇਸ਼ਾਂ ਤੋਂ ਇਕ ਹਜਾਰ ਤੋਂ ਵੱਧ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ। ਇਸ ਕਾਨਫਰੰਸ ਮੌਕੇ ਡਾ. ਅਮਰੀਕ ਸਿੰਘ ਗੰਨਾ ਕਮਿਸ਼ਨਰ ਪੰਜਾਬ ਨੂੰ ਕਿਸਾਨੀ ਹਿੱਤ ਵਿਚ ਨਿਭਾਈਆਂ ਸੇਵਾਵਾਂ ਲਈ ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ ਸ਼ਿਮਲਾ ਦੇ ਉਪ ਕੁਲਪਤੀ ਡਾ. ਮਹਾਵੀਰ ਸਿੰਘ ਨੇ ਨਵੀਨਤਾਕਾਰੀ ਪਸਾਰ ਸਿੱਖਿਆ ਸ਼ਾਸਤਰੀ ਪੁਰਸਕਾਰ ਨਾਲ ਸਨਮਾਨਤ ਕੀਤਾ। ਇਹ ਕਾਨਫਰੰਸ ਹਿਮਾਚਲ ਜੰਗਲਾਤ ਖੋਜ ਸੰਸਥਾ ਸ਼ਿਮਲਾ ਤੇ ਰਾਸ਼ਟਰੀ ਮੈਡੀਸਨਲ ਪਲਾਂਟ ਬੋਰਡ ਵੱਲੋਂ ਇੰਡੀਅਨ ਸੁਸਾਇਟੀ ਆਫ ਐਗਰੀਕਲਚਰ ਹਾਰਟੀਕਲਚਰ ਸੋਸਾਇਟੀ ਨਵੀਂ ਦਿੱਲੀ ਦੇ ਸਾਂਝੇ ਸਹਿਯੋਗ ਨਾਲ ਕਰਵਾਈ ਗਈ ਸੀ। ਇਸ ਮੌਕੇ ਹਿਮਾਚਲ ਪ੍ਰਦੇਸ਼ ਰਾਜ ਸਹਿਕਾਰੀ ਖੇਤੀਬਾੜੀ ਅਤੇ ਪੇਂਡੂ ਵਿਕਾਸ ਬੈਂਕ ਦੇ ਚੇਅਰਮੈਨ ਸੰਜੇ ਚੌਹਾਨ, ਡਾਇਰੈਕਟਰ ਡਾ. ਮਨੀਸ਼ਾ ਥਾਪਿਆਲ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

---------------------------------------------------------------

'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ 60ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ ਪੰਜਾਬ ਵਿਚ 675 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਇਸ ਦੌਰਾਨ ਪੁਲਿਸ ਟੀਮਾਂ ਨੇ 416 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਤੇ ਉਨ੍ਹਾਂ ਕੋਲੋਂ ਤਿੰਨ ਹਥਿਆਰ ਬਰਾਮਦ ਕੀਤੇ। ਇਸ ਤੋਂ ਇਲਾਵਾ 168 ਵਿਅਕਤੀਆਂ ਨੂੰ ਤਫਤੀਸ਼ ਤੇ ਪੁੱਛ-ਪੜਤਾਲ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਦੱਸਿਆ ਕਿ ਇਸ ਕਾਰਵਾਈ ਦੌਰਾਨ 7 ਭਗੌੜੇ ਅਪਰਾਧੀਆਂ ਨੂੰ ਵੀ ਹਿਰਾਸਤ ਵਿਚ ਲਿਆ ਗਿਆ ਏ।